
SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 79** | **Friday, April 21, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' **Online** ਰੋਜ਼ਾਨਾ ਪੜ੍ਹ ਸਕਦੇ ਹੋ*

## ਹੁਣ ਮਿਸੀਸਾਗਾ ਵਿੱਚ ਵੀ ਖੋਲ੍ਹੇ ਜਾਣਗੇ ਰੀਟੇਲ ਕੈਨਾਬਿਸ ਸਟੋਰਜ਼



ਮਿਸੀਸਾਗਾ, 20 ਅਪਰੈਲ (ਪੋਸਟ ਬਿਊਰੋ) : ਮਿਸੀਸਾਗਾ ਸਿਟੀ ਕਾਊਂਸਲ ਵੱਲੋਂ ਮੈਰੀਯੁਆਨਾ ਦੇ ਰੀਟੇਲ ਸਟੋਰਜ਼ ਉੱਤੇ ਲੱਗੀ ਪਾਬੰਦੀ ਨੂੰ ਹਟਾ ਦਿੱਤਾ ਗਿਆ ਤੇ ਅਜਿਹੇ ਸਟੋਰਜ਼ ਨੂੰ ਸਿਟੀ ਵਿੱਚ ਲੋਕੇਟ ਤੇ ਆਪਰੇਟ ਕਰਨ ਦੀ ਖੁੱਲ੍ਹ ਦੇਣ ਦਾ ਫੈਸਲਾ ਕੀਤਾ ਗਿਆ ਹੈ। ਫੈਡਰਲ ਕੈਨਾਬਿਸ ਐਕਟ ਤਹਿਤ ਕੈਨੇਡਾ ਵਿੱਚ ਮਨੋਰੰਜਨ ਤੇ ਮੈਡੀਸਿਨ ਵਜੋਂ ਮੈਰੀਯੁਆਨਾ ਨੂੰ ਵੇਚਣਾ ਖਰੀਦਣਾ ਕਾਨੂੰਨੀ ਹੈ।

ਮੇਅਰ ਬੌਨੀ ਕ੍ਰੌਂਬੀ ਨੇ ਇਸ ਮੌਕੇ ਆਖਿਆ ਕਿ ਪਿਛਲੇ ਪੰਜ ਸਾਲਾਂ ਤੋਂ ਮਿਸੀਸਾਗਾ ਵੱਲੋਂ ਹੋਰਨਾਂ ਸਿਟੀਜ਼ ਦੇ ਰੀਟੇਲ ਕੈਨਾਬਿਸ ਸਟੋਰਜ਼ ਦੇ ਤਜਰਬੇ ਦੀ ਘੋਖ ਕੀਤੇ ਜਾਣ ਤੋਂ ਬਾਅਦ ਹੀ ਇਹ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਆਖਿਆ ਕਿ ਅਸੀਂ ਚਾਹੁੰਦੇ ਸੀ ਕਿ ਸਿਟੀਜ਼ ਕੋਲ ਲੋਕੇਸ਼ਨਜ਼ ਤੇ ਲਾਇਸੰਸਿੰਗ ਦੇ ਮਾਮਲੇ ਵਿੱਚ ਵਧੇਰੇ ਕੰਟਰੋਲ ਹੁੰਦਾ ਪਰ ਹੋਰਨਾਂ ਸਿਟੀਜ਼ ਦੇ ਤਜਰਬੇ ਤੋਂ ਇਹੋ ਸਾਹਮਣੇ ਆਇਆ ਹੈ ਕਿ ਜਿਨ੍ਹਾਂ ਨੇ ਅਜਿਹੇ ਸਟੋਰਜ਼ ਖੋਲ੍ਹੇ ਹਨ ਉਨ੍ਹਾਂ ਨੂੰ ਸਕਾਰਾਤਮਕ ਹੁੰਗਾਰਾ ਹੀ ਮਿਲਿਆ ਹੈ।ਉਨ੍ਹਾਂ ਆਖਿਆ ਕਿ ਇਸ ਨਾਲ ਸਥਾਨਕ ਰੈਜ਼ੀਡੈਂਟਸ ਨੂੰ ਕਾਨੂੰਨੀ ਤੌਰ ਉੱਤੇ ਮੈਰੀਯੁਆਨਾ ਰੀਟੇਲਰਜ਼ ਤੋਂ ਮਿਲ ਜਾਇਆ ਕਰੇਗੀ ਤੇ ਇਸ ਨਾਲ ਸਿਟੀ ਵਿੱਚ ਰੋਜ਼ਗਾਰ ਦੇ ਵੀ ਨਵੇਂ ਮੌਕੇ ਮਿਲਣਗੇ।

ਜ਼ਿਕਰਯੋਗ ਹੈ ਕਿ ਮਨੋਰੰਜਨ ਲਈ ਮੈਰੀਯੁਆਨਾ ਦੀ ਵਰਤੋਂ ਨੂੰ 17 ਅਕਤੂਬਰ, 2018 ਤੋਂ ਫੈਡਰਲ ਪੱਧਰ ਉੱਤੇ ਹੀ ਕਾਨੂੰਨੀ ਜਾਮਾ ਪਹਿਨਾ ਦਿੱਤਾ ਗਿਆ ਸੀ। ਉਸ ਸਮੇਂ ਮਿਸੀਸਾਗਾ ਨੇ ਇਸ ਤੋਂ ਬਾਹਰ ਰਹਿਣ ਦਾ ਫੈਸਲਾ ਕੀਤਾ ਸੀ ਤੇ ਸਿਟੀ ਵਿੱਚ ਰੀਟੇਲ ਕੈਨਾਬਿਸ ਸਟੋਰ ਆਪਰੇਟ ਕਰਨ ਦੀ ਇਜਾਜ਼ਤ ਨਹੀਂ ਸੀ ਦਿੱਤੀ।

## ਟੋਰਾਂਟੋ ਪੀਅਰਸਨ ਏਅਰਪੋਰਟ ਤੋਂ 20 ਮਿਲੀਅਨ ਡਾਲਰ ਦਾ ਸੋਨਾ ਹੋਇਆ ਚੋਰੀ



ਟੋਰਾਂਟੋ, 20 ਅਪਰੈਲ (ਪੋਸਟ ਬਿਊਰੋ) : ਟੋਰਾਂਟੋ ਦੇ ਪੀਅਰਸਨ ਇੰਟਰਨੈਸ਼ਨਲ ਏਅਰਪੋਰਟ ਦੀ ਕਾਰਗੋ ਫੈਸਿਲਿਟੀ ਤੋਂ ਚੋਰੀ ਹੋਏ 20 ਮਿਲੀਅਨ ਡਾਲਰ ਦੇ ਸੋਨੇ ਤੇ ਹੋਰ ਕੀਮਤੀ ਚੀਜ਼ਾਂ ਤੋਂ ਬਾਅਦ ਪੀਲ ਰੀਜਨਲ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

ਪੀਲ ਰੀਜਨਲ ਪੁਲਿਸ ਦੇ ਇੰਸਪੈਕਟਰ ਸਟੀਫਨ ਦੁਵੇਸਤੀਅਨ ਨੇ ਦੱਸਿਆ ਕਿ ਸੋਮਵਾਰ ਨੂੰ ਪੀਅਰਸਨ ਏਅਰਪੋਰਟ ਤੋਂ ਸੋਨੇ ਤੇ ਹੋਰ ਵਸਤਾਂ ਨਾਲ ਭਰਿਆ ਕਾਰਗੋ ਕੰਟੇਨਰ ਹੀ ਚੋਰੀ ਹੋ ਗਿਆ।ਪੀਲ ਪੁਲਿਸ ਦੀ ਏਅਰਪੋਰਟ ਡਵੀਜ਼ਨ 21 ਇਸ ਮਾਮਲੇ ਦੀ ਜਾਂਚ ਕਰ ਰਹੀ ਹੈ।ਦੁਵੇਸਤੀਅਨ ਨੇ ਆਖਿਆ ਕਿ ਸਾਡਾ ਟੀਚਾ ਇਸ ਚੋਰੀ ਦੇ ਮਾਮਲੇ ਨੂੰ ਸੁਲਝਾਉਣਾ ਹੈ। ਉਨ੍ਹਾਂ ਆਖਿਆ ਕਿ ਇਹ ਚੋਰੀ ਦਾ ਆਪਣੀ ਕਿਸਮ ਦਾ ਮਾਮਲਾ ਹੈ ... ਬਾਕੀ ਸਫਾ 2 'ਤੇ

## ਬਰੈਂਪਟਨ ਵਿੱਚ ਚੱਲੀ ਗੋਲੀ, 1 ਹਲਾਕ

ਬਰੈਂਪਟਨ, 20 ਅਪਰੈਲ (ਪੋਸਟ ਬਿਊਰੋ) : ਬਰੈਂਪਟਨ ਵਿੱਚ ਵਾਪਰੀ ਸ਼ੂਟਿੰਗ ਦੀ ਘਟਨਾ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ ਪੁਲਿਸ ਵੱਲੋਂ ਮਸ਼ਕੂਕਾਂ ਦੀ ਭਾਲ ਕੀਤੀ ਜਾ ਰਹੀ ਹੈ।

ਗੋਲੀਆਂ ਚੱਲਣ ਦੀਆਂ ਰਿਪੋਰਟਾਂ ਦੇ ਕੇ ਪੀਲ ਪੁਲਿਸ ਨੂੰ ਵੀਰਵਾਰ ਰਾਤ ਨੂੰ ਬ੍ਰੈਮਸਟੀਲ ਰੋਡ ਤੇ ਰੁਦਰਫੋਰਡ ਰੋਡ ਦੇ ਦੱਖਣ ਵੱਲ ਸੱਦਿਆ ਗਿਆ। ਪੁਲਿਸ ਨੂੰ ਇੱਕ ਵਿਅਕਤੀ ਗੋਲੀ ਲੱਗਣ ਕਾਰਨ ਮੌਕੇ ਉੱਤੇ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ। ਬਾਅਦ ਵਿੱਚ ਇੱਕ ਵਿਅਕਤੀ ਦੀ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਹੋਇਆਂ ਮੌਤ ਹੋ ਗਈ।

ਇੱਕ ਸੂਤਰ ਨੇ ਦੱਸਿਆ ਕਿ ਮਸ਼ਕੂਕ ਮੌਕੇ ਤੋਂ ਗੱਡੀ ਵਿੱਚ ਫਰਾਰ ਹੋਇਆ। ਕਿਸੇ ਹੋਰ ਦੇ ਇਸ ਘਟਨਾ ਵਿੱਚ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਹੋਮੀਸਾਈਡ ਬਿਊਰੋ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਕਈ ਵਾਰੀ ਜਿਨਸੀ ਹਮਲੇ ਕਰਨ ਵਾਲੇ 12 ਸਾਲਾ ਲੜਕੇ ਨੂੰ ਕੀਤਾ ਗਿਆ ਚਾਰਜ



ਟੋਰਾਂਟੋ, 20 ਅਪਰੈਲ (ਪੋਸਟ ਬਿਊਰੋ) : ਟੋਰਾਂਟੋ ਦੇ ਪੂਰਬੀ ਹਿੱਸੇ ਵਿੱਚ ਵਾਕਿੰਗ ਟਰੇਲਜ਼ ਉੱਤੇ ਪਿਛਲੀਆਂ ਗਰਮੀਆਂ ਵਿੱਚ ਕਈ ਮਹਿਲਾਵਾਂ ਉੱਤੇ ਜਿਨਸੀ ਹਮਲਾ ਕਰਨ ਦੇ ਮਾਮਲਿਆਂ ਨਾਲ ਸਬੰਧਤ ਇੱਕ 12 ਸਾਲਾ ਲੜਕੇ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

ਪਹਿਲੀ ਘਟਨਾ 7 ਜੁਲਾਈ, 2022 ਨੂੰ ਉਸ ਸਮੇਂ ਵਾਪਰੀ ਜਦੋਂ ਇੱਕ ਮਹਿਲਾ ਸਕਾਰਬਰੋ ਵਿੱਚ ਬਰਚਮਾਊਂਟ ਰੋਡ ਉੱਤੇ ਗੈਟਿਨਿਊ ਹਾਈਡਰੋ ਕੌਰੀਡਰ ਟਰੇਲ ਉੱਤੇ ਰੰਨਿੰਗ ਕਰ ਰਹੀ ਸੀ। ਇਹ ਦੋਸ਼ ਲਾਇਆ ਗਿਆ ਕਿ ਇਸ ਲੜਕੇ ਨੇ ਆਪਣੀ ਬਾਈਕ ਨਾਲ ਮਹਿਲਾ ਦਾ ਰਾਹ ਰੋਕਿਆ ਤੇ ਫਿਰ ਉਸ ਉੱਤੇ ਜਿਨਸੀ ਹਮਲਾ ਕਰ ਦਿੱਤਾ।ਇਸ ਘਟਨਾ ਤੋਂ ਇੱਕ ਦਿਨ ਬਾਅਦ ਇੱਕ ਹੋਰ ਮਹਿਲਾ ਇਸੇ ਇਲਾਕੇ ਵਿੱਚ ਸਾਈਕਲ ਚਲਾ ਰਹੀ ਸੀ ਜਦੋਂ ਇੱਕ ਲੜਕੇ ਨੇ ਉਸ ਨੂੰ ਕੋਈ ਟਰਿੱਕ ਦਿਖਾਉਣ ਦੇ ਬਹਾਨੇ ਨਾਲ ਰੋਕ ਲਿਆ ਤੇ ਫਿਰ ਉਸ ਉੱਤੇ ਜਿਨਸੀ ਹਮਲਾ ਕਰ ਦਿੱਤਾ।

22 ਜੁਲਾਈ ਨੂੰ 54 ਸਾਲਾ ਮਹਿਲਾ ਈਸਟ ਡੌਨ ਵੈਲੀ ਟਰੇਲ ਦੇ ਨਾਲ ਨਾਲ ਸੈਰ ਕਰ ਰਹੀ ਸੀ ਜਦੋਂ ਮਸ਼ਕੂਕ ਉਸ ਕੋਲ ਪਹੁੰਚਿਆ ਤੇ ਉਸ ਤੋਂ ਪਾਣੀ ਮੰਗਿਆ। ਫਿਰ ਉਸ ਮਹਿਲਾ ਉੱਤੇ ਜਿਨਸੀ ਹਮਲਾ ਕਰਨ ਤੋਂ ਬਾਅਦ ਮਸ਼ਕੂਕ ਆਪਣੀ ਬਾਈਕ ਉੱਤੇ ਇਲਾਕੇ ਤੋਂ ਫਰਾਰ ਹੋ ਗਿਆ। ਅਗਲੇ ਦਿਨ ਇੱਕ 52 ਸਾਲਾ ਮਹਿਲਾ ਈਸਟ ਡੌਨ ਰਿਵਰ ਟਰੇਲ ਦੇ ਨਾਲ ਸੈਰ ਕਰ ਰਹੀ ਸੀ ਜਦੋਂ ਬਾਈਕ ਉੱਤੇ ਆ ਕੇ ਇੱਕ ਲੜਕੇ ਨੇ ਉਸ ਦੇ ਪਿੱਛਿਓਂ ਉਸ ਉੱਤੇ ਜਿਨਸੀ ਹਮਲਾ ਕਰ ਦਿੱਤਾ। ਪੁਲਿਸ ਨੂੰ 7 ਸਤੰਬਰ ਨੂੰ ਇਸ ਤਰ੍ਹਾਂ ਦੀਆਂ ਦੋ ਹੋਰ ਘਟਨਾਵਾਂ ਵਾਪਰਨ ਦੀ ਜਾਣਕਾਰੀ ਵੀ ਮਿਲੀ। ਦੋ ਮਹਿਲਾਵਾਂ ਨੇ ਦੱਸਿਆ ਕਿ ਇੱਕ ਬਾਈਕ ਸਵਾਰ ਲੜਕੇ ਨੇ ਪਿਛੋਂ ਆ ਕੇ ਉਨ੍ਹਾਂ ਉੱਤੇ ਜਿਨਸੀ ਹਮਲਾ ਕਰ ਦਿੱਤਾ। ਪਹਿਲੀ ਘਟਨਾ ਸਕਾਰਬਰੋ ਵਿੱਚ ਸੇਂਟ ਕਲੇਅਰ ਐਵਨਿਊ ਤੇ ਬਰਚਮਾਊਂਟ ਰੋਡ ਨੇੜੇ ਵਾਪਰੀ। ਦੂਜੀ ਘਟਨਾ ਈਸਟ ਡੌਨ ਰਿਵਰ ਟਰੇਲ ਉੱਤੇ ਵਾਪਰੀ।ਜਾਂਚ ਦੌਰਾਨ ਪੁਲਿਸ ਨੇ ਦੋ ਵਾਰੀ ਅਦਾਲਤ ... ਬਾਕੀ ਸਫਾ 2 'ਤੇ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

ON TIME HEATING COOLING & REFRIGERATION
ac - furnance - heat pump - boilers - gasline - walk in cooler - water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Easter SALE
$299, $2,999, $299, $399, $4,499, $4,649
KitchenAid, moffat, MAYTAG, LG, SAMSUNG, Electrolux, JENNAIR, BOSCH, Whirlpool
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial
Cell: 416-841-4218 Tel: 905-216-5563
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਪਾਰਕਿੰਗ ਲੌਟ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਜ਼ਖ਼ਮੀ



ਮਿਸੀਸਾਗਾ, 20 ਅਪਰੈਲ (ਪੋਸਟ ਬਿਊਰੋ) : ਮਿਸੀਸਾਗਾ ਦੇ ਪਾਰਕਿੰਗ ਲੌਟ ਵਿੱਚ ਰੋਡ ਰੇਜ ਦੇ ਮਾਮਲੇ ਦੌਰਾਨ ਇੱਕ ਵਿਅਕਤੀ ਨੂੰ ਚਾਕੂ ਮਾਰਨ ਵਾਲੇ ਮਸ਼ਕੂਕ ਦੀ ਪੀਲ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ।

ਬੁੱਧਵਾਰ ਨੂੰ ਸ਼ਾਮੀਂ 6:30 ਵਜੇ ਦੇ ਨੇੜੇ ਤੇੜੇ ਐਗਲਿੰਟਨ ਐਵਨਿਊ ਵੈਸਟ ਤੇ ਰਿੱਜਵੇਅ ਡਰਾਈਵ ਨੇੜੇ ਛੁਰੇਬਾਜ਼ੀ ਦੀ ਘਟਨਾ ਵਾਪਰਨ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ। ਪੁਲਿਸ ਨੇ ਦੱਸਿਆ ਕਿ ਡਰਾਈਵਰ ਤੇ ਇੱਕ ਰਾਹਗੀਰ ਦਰਮਿਆਨ ਪਾਰਕਿੰਗ ਲੌਟ ਵਿੱਚ ਕਿਸੇ ਗੱਲ ਨੂੰ ਲੈ ਕੇ ਤੂੰ ਤੂੰ ਮੈਂ ਮੈਂ ਹੋ ਗਈ। ਗੱਲ ਇੱਥੋਂ ਤੱਕ ਵੱਧ ਗਈ ਕਿ ਦੋਵਾਂ ਵਿਚਾਲੇ ਮਾਮਲਾ ਹੱਥੋਪਾਈ ਤੱਕ ਪਹੁੰਚ ਗਿਆ ਤੇ ਫਿਰ ਰਾਹਗੀਰ ਨੇ ਡਰਾਈਵਰ ਨੂੰ ਚਾਕੂ ਮਾਰ ਦਿੱਤਾ।

ਪੈਰਾਮੈਡਿਕਸ ਨੇ ਦੱਸਿਆ ਕਿ ਜਾਨ-ਲੇਵਾ ਜ਼ਖ਼ਮਾਂ ਕਾਰਨ ਜ਼ਖ਼ਮੀ ਵਿਅਕਤੀ ਨੂੰ ਫੌਰਨ ਹਸਪਤਾਲ ਲਿਜਾਇਆ ਗਿਆ। ਬਾਅਦ ਵਿੱਚ ਪੁਲਿਸ ਨੇ ਦੱਸਿਆ ਕਿ ਉਸ ਵਿਅਕਤੀ ਦੀ ਹਾਲਤ ਨਾਜ਼ੁਕ ਪਰ ਸਥਿਰ ਹੈ। ਪੁਲਿਸ ਅਧਿਕਾਰੀਆਂ ਦੇ ਮੌਕੇ ਉੱਤੇ ਪਹੁੰਚਣ ਤੋਂ ਪਹਿਲਾਂ ਹੀ ਮਸ਼ਕੂਕ ਫਰਾਰ ਹੋ ਗਿਆ। ਪੁਲਿਸ ਵੱਲੋਂ ਜਾਰੀ ਕੀਤੇ ਵੇਰਵੇ ਅਨੁਸਾਰ ਮਸ਼ਕੂਕ ਆਪਣੇ 20ਵਿਆਂ ਵਿੱਚ ਹੈ, ਉਸ ਦਾ ਕੱਦ ਪੰਜ ਫੁੱਟ ਪੰਜ ਇੰਚ ਹੈ ਤੇ ਉਸ ਦੇ ਕਾਲੇ ਘੁੰਗਰਾਲੇ ਵਾਲ ਹਨ। ਉਸ ਨੂੰ ਆਖਰੀ ਵਾਰੀ ਕਾਲੇ ਰੰਗ ਦਾ ਸਵੈਟਰ ਤੇ ਕਾਲੀ ਸਵੈੱਟਪੈਂਟਸ ਵਿੱਚ ਵੇਖਿਆ ਗਿਆ।

# ਗਰੁੱਪ ਦੀ ਲੜਾਈ ਵਿੱਚ ਛੁਰੇਬਾਜ਼ੀ ਕਾਰਨ ਦੋ ਮਹਿਲਾਵਾਂ ਜ਼ਖ਼ਮੀ




ਇਟੋਬੀਕੋ, 20 ਅਪਰੈਲ (ਪੋਸਟ ਬਿਊਰੋ) : ਇਟੋਬੀਕੋ ਵਿੱਚ ਹੋਈ ਲੜਾਈ ਦੌਰਾਨ ਛੁਰੇਬਾਜ਼ੀ ਕਾਰਨ ਦੋ ਮਹਿਲਾਵਾਂ ਜ਼ਖ਼ਮੀ ਹੋ ਗਈਆਂ। ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਬੁੱਧਵਾਰ ਨੂੰ ਰਾਤੀਂ 8:00 ਵਜੇ ਤੋਂ ਪਹਿਲਾਂ ਗਾਰਡੀਨਰ ਐਕਸਪ੍ਰੈੱਸਵੇਅ ਤੇ ਪਾਰਕ ਲਾਅਨ ਰੋਡ ਨੇੜੇ ਮੈਨੀਟੋਬਾ ਸਟਰੀਟ ਤੇ ਲੀਜ਼ਨ ਰੋਡ ਇਲਾਕੇ ਵਿੱਚ ਕੁੱਝ ਲੋਕਾਂ ਦੇ ਗਰੁੱਪ ਨੂੰ ਲੜਦਿਆਂ ਵੇਖਿਆ ਗਿਆ। ਇਸ ਝਗੜੇ ਦੌਰਾਨ ਦੋ ਮਹਿਲਾਵਾਂ ਨੂੰ ਚਾਕੂ ਮਾਰ ਦਿੱਤਾ ਗਿਆ। ਉਨ੍ਹਾਂ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਆਂਦਾ ਗਿਆ।

ਪੁਲਿਸ ਨੇ ਦੱਸਿਆ ਕਿ ਮਸ਼ਕੂਕ ਤੇ ਛੁਰੇਬਾਜ਼ੀ ਦੀਆਂ ਸ਼ਿਕਾਰ ਮਹਿਲਾਵਾਂ ਇੱਕ ਦੂਜੇ ਨੂੰ ਜਾਣਦੇ ਸਨ। ਅਜੇ ਤੱਕ ਇਸ ਘਟਨਾ ਦੇ ਸਬੰਧ ਵਿੱਚ ਕਿਸੇ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਹੈ ਤੇ ਨਾ ਹੀ ਕਿਸੇ ਮਸ਼ਕੂਕ ਬਾਰੇ ਕੋਈ ਜਾਣਕਾਰੀ ਮੁਹੱਈਆ ਕਰਵਾਈ ਗਈ ਹੈ।

## ਅੱਜ ਨਾਮਾ

ਰਾਹੁਲ ਗਾਂਧੀ ਦੀ ਬਣੀ ਨਹੀਂ ਬਾਤ ਮੀਆਂ,
ਹੋ ਗਈ ਰੱਦ ਅਦਾਲਤ ਤੋਂ ਅਰਜ਼ ਮੀਆਂ।
ਕਰ'ਤੀ ਜਿਸ ਤਰ੍ਹਾਂ ਜੱਜ ਨੇ ਰੱਦ ਅਰਜ਼ੀ,
ਲੱਗੀ ਕਈਆਂ ਨੂੰ ਗੱਲ ਅਸਚਰਜ ਮੀਆਂ।
ਚੱਲਦਾ ਜਿੱਦਾਂ ਦਾ ਵਕਤ ਹੈ ਦੇਸ਼ ਅੰਦਰ,
ਹੋ ਰਹੇ ਕਈ ਰਿਕਾਰਡ ਨੇ ਦਰਜ ਮੀਆਂ।
ਨਾ ਕੋਈ ਮਾਰ ਅਦਾਲਤ ਦੀ ਰੋਕ ਸਕਦਾ,
ਨਹੀਉਂ ਰਾਹੁਲ ਨੂੰ ਸਕੇਗਾ ਵਰਜ ਮੀਆਂ।
ਆਪੋ-ਆਪਣੇ ਵਹਿਣ ਵਿੱਚ ਧਿਰਾਂ ਚੱਲਣ,
ਚੱਕਰ ਵਕਤ ਦਾ ਰਿਹਾ ਇਹ ਚੱਲ ਮੀਆਂ।
ਕੋਈ ਨਹੀਂ ਜਾਣਦਾ ਕੱਲ੍ਹ ਕੀ ਬਿੱਜ ਪੈਣੀ,
ਕਹਿਣ-ਸੁਣਨ ਦੀ ਕੋਈ ਨਾ ਗੱਲ ਮੀਆਂ।

**ਤੀਸ ਮਾਰ ਖਾਂ**

# ਕਈ ਵਾਰੀ ਜਿਨਸੀ ਹਮਲੇ ਕਰਨ ਵਾਲੇ 12 ਸਾਲਾ ਲੜਕੇ ਨੂੰ ਕੀਤਾ ਗਿਆ ਚਾਰਜ



ਸਫਾ 1 ਦਾ ਬਾਕੀ

ਤੋਂ ਇਸ ਮਸ਼ਕੂਕ ਦੀ ਸ਼ਨਾਖਤ ਕਰਨ ਲਈ ਇਸ ਦੀ ਤਸਵੀਰ ਆਰਜ਼ੀ ਤੌਰ ਉੱਤੇ ਜਾਰੀ ਕਰਨ ਦੀ ਮੰਗ ਕੀਤੀ। ਸੋਮਵਾਰ ਨੂੰ ਇਸ 12 ਸਾਲਾ ਲੜਕੇ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਇਸ ਉੱਤੇ ਜਿਨਸੀ ਹਮਲੇ ਦੇ ਦੋ ਮਾਮਲੇ ਦਰਜ ਕੀਤੇ ਗਏ ਹਨ। ਪੁਲਿਸ ਨੇ ਦੱਸਿਆ ਕਿ ਜਿਸ ਸਮੇਂ ਪੰਜ ਘਟਨਾਵਾਂ ਵਾਪਰੀਆਂ ਉਸ ਸਮੇਂ ਉਹ 11 ਸਾਲਾਂ ਦਾ ਹੀ ਸੀ ਤੇ ਇਸ ਲਈ ਉਸ ਨੂੰ ਮੁਜਰਮਾਨਾਂ ਢੰਗ ਨਾਲ ਚਾਰਜ ਨਹੀਂ ਸੀ ਕੀਤਾ ਜਾ ਸਕਦਾ। ਮਸ਼ਕੂਕ ਨੂੰ ਬਾਅਦ ਵਿੱਚ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਯੂਥ ਕ੍ਰਿਮੀਨਲ ਜਸਟਿਸ ਐਕਟ ਤਹਿਤ ਉਸ ਨੂੰ ਪਛਾਣ ਜਾਰੀ ਨਹੀਂ ਕੀਤੀ ਜਾ ਸਕਦੀ।

# ਰਿਸ਼ਵਤ ਲੈਂਦੇ ਸੀਡੀਪੀਓ ਤੇ ਉਸ ਦਾ ਚਪੜਾਸੀ ਰੰਗੇ ਹੱਥੀਂ ਕਾਬੂ

ਚੰਡੀਗੜ੍ਹ 20 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਅੱਜ ਵੀਰਵਾਰ ਨੂੰ ਫਤਿਹਗੜ੍ਹ ਸਾਹਿਬ ਵਿਖੇ ਤਾਇਨਾਤ ਬਾਲ ਵਿਕਾਸ ਪ੍ਰੋਜੈਕਟ ਅਫਸਰ (ਸੀਡੀਪੀਓ), ਅੰਜੂ ਭੰਡਾਰੀ ਅਤੇ ਉਸਦੇ ਚਪੜਾਸੀ ਬਲੀਹਾਰ ਸਿੰਘ ਨੂੰ 20,000 ਰੁਪਏ ਦੀ ਰਿਸ਼ਵਤ ਮੰਗਣ ਅਤੇ ਹਾਸਲ ਕਰਦਿਆਂ ਰੰਗੇ ਹੱਥੀ ਕਾਬੂ ਕਰ ਲਿਆ ਗਿਆ।

ਵਿਜੀਲੈਂਸ ਬਿਊਰੋ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਸੀਡੀਪੀਓ ਅਤੇ ਉਸਦੇ ਚਪੜਾਸੀ ਨੂੰ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਪਿੰਡ ਰਿਉਣਾ ਨੀਵਾਂ ਦੀ ਰਹਿਣ ਵਾਲੀ ਮਮਤਾ ਦੀ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਪਰੋਕਤ ਦੋਵੇਂ ਕਰਮਚਾਰੀਆਂ ਨੇ ਆਂਗਨਵਾੜੀ ਹੈਲਪਰ ਦੇ ਖਾਲੀ ਅਹੁਦੇ 'ਤੇ ਉਸਨੂੰ ਨੌਕਰੀ ਉਤੇ ਰੱਖਣ ਬਦਲੇ 35,000 ਰੁਪਏ ਰਿਸ਼ਵਤ ਵਜੋਂ ਦੇਣ ਦੀ ਮੰਗ ਕੀਤੀ ਹੈ ਜਿਸ ਲਈ ਉਹ ਪਹਿਲਾਂ ਹੀ ਅਰਜ਼ੀ ਦਿੱਤੀ ਹੋਈ ਹੈ।

ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਇੱਕ ਟੀਮ ਨੇ ਜਾਲ ਵਿਛਾ ਕੇ ਦੋਹਾਂ ਦੋਸ਼ੀ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਵਜੋਂ 20,000 ਰੁਪਏ ਲੈਂਦਿਆਂ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ।

# ਟੋਰਾਂਟੋ ਪੀਅਰਸਨ ਏਅਰਪੋਰਟ ਤੋਂ 20 ਮਿਲੀਅਨ ਡਾਲਰ ਦਾ ਸੋਨਾ ਹੋਇਆ ਚੋਰੀ

ਸਫਾ 1 ਦਾ ਬਾਕੀ

ਤੇ ਜਨਤਾ ਨੂੰ ਇਸ ਤੋਂ ਕੋਈ ਖਤਰਾ ਨਹੀਂ ਹੈ।

ਟੋਰਾਂਟੋ ਪੀਅਰਸਨ ਏਅਰਪੋਰਟ ਰਾਹੀਂ ਅਕਸਰ ਸੋਨਾ ਟਰਾਂਸਪੋਰਟ ਕੀਤਾ ਜਾਂਦਾ ਹੈ। ਓਨਟਾਰੀਓ ਦੀ ਆਰਸੀਐਮਪੀ ਵੱਲੋਂ ਵੀ ਇਹ ਜਾਣਕਾਰੀ ਦਿੱਤੀ ਗਈ ਹੈ ਕਿ ਉਨ੍ਹਾਂ ਦੀ ਯੂਨਿਟ ਵੀ ਇਸ ਜਾਂਚ ਵਿੱਚ ਮਦਦ ਕਰ ਰਹੀ ਹੈ। ਪੁਲਿਸ ਨੇ ਇਹ ਨਹੀਂ ਦੱਸਿਆ ਕਿ ਇਹ ਸੋਨੇ ਦੀ ਖੇਪ ਕਿੱਥੋਂ ਆਈ ਸੀ ਤੇ ਜਿਹੜਾ ਡਾਕਾ ਮਾਰਿਆ ਗਿਆ ਹੈ ਕਿ ਇਹ ਲੋਕਲ ਸੰਗਠਿਤ ਕ੍ਰਾਈਮ ਗੈਂਗਜ਼ ਦਾ ਕੰਮ ਤਾ ਨਹੀਂ ਹੈ?

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਕੈਨੇਡਾ ਦੀ ਪਾਰਲੀਮੈਂਟ ਦੇ ਪਹਿਲੈ ਦਸਤਾਰਧਾਰੀ ਸਿੱਖ ਗੁਰਬਖਸ਼ ਸਿੰਘ ਮੱਲ੍ਹੀ ਨੇ ਇਕ ਬਾਰ ਫਿਰ ਸਿੱਖ ਕੌਮ ਦਾ ਕੀਤਾ ਨਾਂ ਰੋਸ਼ਨ



ਸੁਰਜੀਤ ਸਿੰਘ ਫਲੋਰਾ





ਇਸ ਸਮੇਂ ਕੈਨੇਡਾ ਭਰ ਵਿਚ ਸਿੱਖ ਹੈਰੀਟੇਜ਼ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ, ਜਿਸ ਤਹਿਤ 18 ਅਪ੍ਰੈਲ ਨੂੰ ਬਰੈਂਪਟਨ ਦੇ ਰੋਜ਼ ਥੇਅਟਰ'ਚ ਇਕ ਬਹੁਤ ਹੀ ਵਿਸ਼ਾਲ ਪ੍ਰੋਗਰਾਮ ਉਲੀਕਿਆਂ ਗਿਆ ਜਿਸ ਵਿਚ ਪਹਿਲੇ ਕੈਨੇਡਾ ਦੇ ਪਾਰਲੀਮੈਂਟ ਤੇ ਦਸਤਾਰਧਾਰੀ ਸਿੱਖ ਸਾਬਕਾ ਸੰਸਦੀ ਸਕੱਤਰ ਅਤੇ ਸੰਸਦ ਮੈਂਬਰ ਗੁਰਬਖਸ਼ ਸਿੰਘ ਮੱਲ੍ਹੀ ਨੂੰ ਬਰੈਂਪਟਨ ਸਿਟੀ ਵਲੋਂ ਬਰੈਂਪਟਨ ਸ਼ਹਿਰ ਦੇ ਸਰਵਉੱਚ ਸਨਮਾਨ 'ਕੀਅ ਟੂ ਦਾ ਸਿਟੀ' (ਸ਼ਹਿਰ ਦੀ ਚਾਬੀ) ਨਾਲ ਨਿਵਾਜਿਆ ਗਿਆ।

ਇਹ ਸਨਮਾਨ ਮਾਨਯੋਗ ਗੁਰਬਖਸ਼ ਸਿੰਘ ਮੱਲ੍ਹੀ ਨੂੰ ਸਿੱਖ ਅਤੇ ਦੱਖਣੀ ਏਸ਼ੀਆਈ ਭਾਈਚਾਰੇ ਲਈ ਟ੍ਰੇਲਬਲੇਜ਼ਰ ਵਜੋਂ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸਿਟੀ ਆਫ ਬਰੈਂਪਟਨ ਦੀ ਚਾਬੀ ਨਾਲ ਸਨਮਾਨਿਤ ਕੀਤਾ ਗਿਆ।

ਮੇਅਰ ਪੈਟਰਿਕ ਬਰਾਊਨ ਨੇ ਦਿ ਰੋਜ਼ ਬਰੈਂਪਟਨ ਵਿਖੇ ਇੱਕ ਸਮਾਰੋਹ ਵਿੱਚ ਸਿਟੀ ਆਫ ਬਰੈਂਪਟਨ ਨੂੰ ਚਾਬੀ ਭੇਂਟ ਕੀਤੀ, ਜਿਸ ਵਿੱਚ ਮਿਉਂਸਪਲ ਚੁਣੇ ਗਏ ਸਿੱਖ ਅਧਿਕਾਰੀਆਂ ਨਾਲ ਇੱਕ ਪੈਨਲ ਚਰਚਾ ਸ਼ਾਮਲ ਸੀ; ਨਵਜੀਤ ਕੌਰ ਬਰਾੜ, ਕੌਂਸਲਰ, ਵਾਰਡ 2 ਅਤੇ 6, ਸਿਟੀ ਆਫ ਬਰੈਂਪਟਨ, ਹਰਕੀਰਤ ਸਿੰਘ, ਡਿਪਟੀ ਮੇਅਰ; ਸਿਟੀ ਕੌਂਸਲਰ, ਵਾਰਡ 9 ਅਤੇ 10, ਸਿਟੀ ਆਫ ਬਰੈਂਪਟਨ, ਗੁਰਪ੍ਰਤਾਪ ਸਿੰਘ ਤੂਰ, ਕੌਂਸਲਰ, ਵਾਰਡ 9 ਅਤੇ 10, ਸਿਟੀ ਆਫ ਬਰੈਂਪਟਨ, ਹਰਜਿੰਦਰ ਨਿੱਝਰ, ਡਿਪਟੀ ਮੇਅਰ, ਸਿਟੀ ਆਫ ਸਟ੍ਰੈਟਫੋਰਡ, ਰਾਜ ਸੰਧੂ, ਡਿਪਟੀ ਮੇਅਰ, ਟਾਊਨ ਆਫ ਬ੍ਰੈਡਫੋਰਡ ਵੈਸਟ ਗਵਿਲਮਬਰੀ ਅਤੇ ਨਰਿੰਦਰ ਨੰਨ, ਸਿਟੀ ਕੌਂਸਲਰ, ਸਿਟੀ ਆਫ ਹੈਮਿਲਟਨ।

ਸਿਟੀ ਦੀ ਕੁੰਜੀ ਇੱਕ ਪ੍ਰਤੀਕਾਤਮਕ ਸਨਮਾਨ ਹੈ ਜੋ ਸਿਟੀ ਆਫ਼ ਬਰੈਂਪਟਨ ਕਮਿਊਨਿਟੀ ਦੇ ਇੱਕ ਬਹੁਤ ਹੀ ਵਡਮੁੱਲੇ ਮੈਂਬਰ, ਜਾਂ ਸਿਟੀ ਦੇ ਇੱਕ ਮਸ਼ਹੂਰ ਜਾਂ ਮਾਣਯੋਗ ਵਿਆਕਤੀ ਨੂੰ ਪ੍ਰਦਾਨ ਕਰਦਾ ਹੈ ਜਿਸ ਨੇ ਬਰੈਂਪਟਨ ਵਿੱਚ ਰਹਿਣ ਵਾਲੇ ਲੋਕਾਂ ਦੇ ਜੀਵਨ 'ਤੇ ਪ੍ਰਭਾਵ ਪਾਇਆ ਹੋਵੇਂ।

ਹਾਊਸ ਆਫ ਕਾਮਨਜ਼ ਲਈ ਚੁਣੇ ਗਏ ਪਹਿਲੇ ਦਸਤਾਰਧਾਰੀ ਸਿੱਖ ਹੋਣ ਦੇ ਨਾਤੇ, ਮੱਲ੍ਹੀ ਨੇ ਪਾਰਲੀਮੈਂਟ ਵਿੱਚ ਦਸਤਾਰ ਪਹਿਨਣ ਵਾਲੇ ਵਿਅਕਤੀਆਂ ਅਤੇ ਘੱਟ ਗਿਣਤੀਆਂ ਦੀ ਪ੍ਰਤੀਨਿਧਤਾ ਲਈ ਰਾਹ ਪੱਧਰਾ ਕੀਤਾ। ਬਰੈਮਲੀ-ਗੋਰ-ਮਾਲਟਨ ਲਈ ਸੰਸਦ ਦੇ ਮੈਂਬਰ ਵਜੋਂ ਲਗਾਤਾਰ 18 ਸਾਲਾਂ ਤੱਕ ਸੇਵਾ ਕਰਦੇ ਹੋਏ, ਮੱਲ੍ਹੀ ਨੇ ਘੱਟ ਗਿਣਤੀਆਂ ਲਈ ਦਰਵਾਜ਼ੇ ਖੋਲ੍ਹਣ ਵਿੱਚ ਮਦਦ ਕੀਤੀ, ਇੱਕ ਸਮੇਂ ਦੌਰਾਨ ਸਾਰੀਆਂ ਨਸਲੀ ਪਿਛੋਕੜ ਵਾਲੀਆਂ ਘੱਟ ਗਿਣਤੀਆਂ ਵਿੱਚ ਇੱਕ ਸਕਾਰਾਤਮਕ ਜਾਗਰੂਕਤਾ ਲਿਆਉਣ ਦਾ ਕੰਮ ਕੀਤਾ ਜਿਸ ਸਮੇਂ ਸਾਡੇ ਪੰਜਾਬੀ ਭਾਰਤੀਆਂ ਰਾਸ਼ਟਰੀ ਪੱਧਰ 'ਤੇ ਪ੍ਰਤੀਨਿਧਤਾ ਦੀ ਘਾਟ ਸੀ।ਉਹਨਾਂ ਵੱਲ ਦੇਖਦੇ ਹੋਏ ਉਹਨਾਂ ਬਾਅਦ ਹੋਰ ਬਹੁਤ ਸਾਰੇ ਪੰਜਾਬੀ ਚੋਣ ਮੈਦਾਨ ਵਿਚ ਆਏ ਤੇ ਕੈਨੇਡਾ ਦੀ ਪਾਰਲੀਮੈਂਟ ਦੇ ਮੈਬਰ ਹੀਂ ਨਹੀਂ ਬੱਲਕੇ ਮਨਿਸਟਰੀ ਦੇ ਅਹੁਦੇ ਵੀ ਸਭਾਲੇ।

ਮਾਲਟਨ ਕਮਿਊਨਿਟੀ ਕੌਂਸਲ ਅਤੇ ਮਾਰਵਿਨ ਹਾਈਟਸ ਪੇਰੈਂਟ ਕੌਂਸਲ ਵਿਚ ਮੱਲ੍ਹੀ ਸਰਗਰਮੀ ਨਾਲ ਸ਼ਾਮਲ ਰਹੇ। 1993 ਵਿਚ ਬਰੈਮਲੀ-ਗੋਰ-ਮਾਲਟਨ ਦੇ ਲੋਕਾਂ ਨੇ ਮੱਲ੍ਹੀ ਨੂੰ ਬਤੌਰ ਐਮਪੀ ਆਪਣਾ ਨੁਮਾਇੰਦਾ ਚੁਣਿਆ।

ਆਪਣੇ ਕਾਰਜਕਾਲ ਦੌਰਾਨ ਗੁਰਬਖਸ਼ ਮੱਲ੍ਹੀ ਮਿਨਿਸਟਰ ਔਫ਼ ਨੈਸ਼ਨਲ ਰੈਵਨਿਊ, ਮਿਨਿਸਟਰ ਔਫ਼ ਹਿਊਮਨ ਰਿਸੋਰਸ ਐਂਡ ਸਕਿੱਲਜ਼ ਡਿਵੈਲਪਮੈਂਟ, ਮਿਨਿਸਟਰ ਔਫ਼ ਇੰਡਸਟਰੀ ਅਤੇ ਮਿਨਿਸਟਰ ਔਫ਼ ਲੇਬਰ ਦੇ ਪਾਰਲੀਮੈਂਟਰੀ ਸੈਕਟਰੀ ਵੀ ਰਹੇ।

ਉਹ ਪੰਜਾਬ, ਭਾਰਤ ਦੇ ਇੱਕ ਛੋਟੇ ਜਿਹੇ ਪਿੰਡ ਵਿੱਚ 1949 ਵਿੱਚ ਪੈਦਾ ਹੋਇਆ, 1960 ਦੇ ਦਹਾਕੇ ਦੌਰਾਨ, ਭਾਰਤ ਵਿੱਚ ਹੀ, ਮੱਲ੍ਹੀ ਨੇ ਰਾਜਨੀਤੀ ਵਿੱਚ ਸਰਗਰਮੀ 'ਚ ਹਿੱਸਾ ਲੈਣਾ ਸ਼ੁਰੂ ਕਰ ਦਿੱਤਾ। 1975 ਵਿੱਚ, ਉਹ ਅਤੇ ਉਸਦਾ ਪਰਿਵਾਰ ਕੈਨੇਡਾ ਪਹੁੰਚਿਆ ਜਿੱਥੇ ਉਸਨੇ ਜਲਦੀ ਹੀ ਇੱਕ ਅਜਿਹੇ ਵਿਅਕਤੀ ਵਜੋਂ ਪ੍ਰਸਿੱਧੀ ਪ੍ਰਾਪਤ ਕੀਤੀ । 1993 ਵਿੱਚ, ਉਹ ਬਰੈਮਲੀ-ਗੋਰ-ਮਾਲਟਨ ਵਿੱਚ ਲਿਬਰਲ ਪਾਰਟੀ ਦੀ ਪ੍ਰਤੀਨਿਧਤਾ ਕਰਨ ਲਈ ਚੁਣੇ ਗਏ ।

ਇੱਕ ਸਿਆਸਤਦਾਨ ਵਜੋਂ ਮੱਲ੍ਹੀ ਦਾ ਉਦੇਸ਼ ਉਹਨਾਂ ਸਾਰੇ ਲੋਕਾਂ ਨੂੰ ਸ਼ਾਮਲ ਕਰਨ ਲਈ ਲੜਨਾ ਸੀ ਜੋ ਕੈਨੇਡਾ ਨੂੰ ਆਪਣਾ ਘਰ ਕਹਿੰਦੇ ਹਨ, ਅਤੇ ਕੈਨੇਡਾ ਵਿੱਚ ਸਹਿ-ਮੌਜੂਦ ਵਿਭਿੰਨ ਨਸਲੀ ਪਿਛੋਕੜਾਂ ਦਾ ਪ੍ਰਤੀਬਿੰਬ ਬਣਨਾ ਸੀ।

ਪੈਟਰਿਕ ਬ੍ਰਾਊਨ, ਮੇਅਰ, ਸਿਟੀ ਆਫ ਬਰੈਂਪਟਨ ਨੇ ਉਹਨਾਂ ਬਾਰੇ ਬੋਲਦੇ ਹੋਏ ਕਿਹਾ ਕਿ "ਅਸੀਂ ਮਾਨਯੋਗ ਗੁਰਬਖਸ਼ ਸਿੰਘ ਮੱਲ੍ਹੀ ਦੇ ਬੇਮਿਸਾਲ ਯੋਗਦਾਨ, ਅਤੇ ਸਮਾਵੇਸ਼ੀ ਨੀਤੀ ਬਣਾਉਣ ਅਤੇ ਭਾਈਚਾਰਕ ਨਿਰਮਾਣ ਲਈ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਲਈ ਧੰਨਵਾਦੀ ਹਾਂ। ਅਸੀਂ ਬਹੁਤ ਖੁਸ਼ਕਿਸਮਤ ਹਾਂ ਕਿ ਸਾਡੇ ਸ਼ਹਿਰ ਵਿੱਚ ਇਹ ਐਡਵੋਕੇਟ ਹੈ ਅਤੇ ਸਾਨੂੰ ਮੱਲ੍ਹੀ ਵਰਗੇ ਲੋਕਾਂ ਦਾ ਆਦਰ - ਮਾਣ ਸਨਮਾਨ ਕਰਨਾ ਚਾਹਿੰਦਾ ਹੈ, ਜੋ ਆਪਣੇ ਭਾਈਚਾਰੇ ਦਾ ਹੀ ਨਹੀਂ ਬੱਲਕੇ ਸਾਰੇ ਸ਼ਹਿਰ ਦਾ ਨਾਂ ਰੌਸ਼ਨ ਕਰਦੇ ਹਨ। ਜੋ ਸਹਿਯੋਗੀ, ਜੀਵੰਤ ਭਾਈਚਾਰਿਆਂ ਦੀ ਸਿਰਜਣਾ ਕਰਨ ਲਈ ਆਪਣਾ ਪੂਰਾ ਪੂਰਾ ਯੋਗਦਾਨ ਪਾਉਂਦੇ ਹਨ, ਅਤੇ ਸਾਰੇ ਉਨ੍ਹਾਂ ਦੇ ਸਰਵੋਤਮ ਹੋ ਸਕਦੇ ਹਨ। ਮੇਰੇ ਦੋਸਤ ਅਤੇ ਸਲਾਹਕਾਰ, ਮਾਨਯੋਗ ਗੁਰਬਖਸ਼ ਸਿੰਘ ਮੱਲ੍ਹੀ ਦਾ ਉਹਨਾਂ ਦੀ ਸਾਲਾਂ ਦੀ ਸੇਵਾ ਲਈ ਬੇਅੰਤ ਧੰਨਵਾਦ।

ਹਰਕੀਰਤ ਸਿੰਘ, ਕੌਂਸਲਰ, ਵਾਰਡ 9 ਅਤੇ 10; ਡਿਪਟੀ ਮੇਅਰ, ਸਿਟੀ ਆਫ ਬਰੈਂਪਟਨ ਨੇ ਉਹਨਾਂ ਵਾਰੇ ਬੋਲਦੇ ਹੋਏ ਕਿਹਾ ਕਿ "ਸ਼੍ਰੀਮਾਨ ਮੱਲ੍ਹੀ ਇੱਕ ਟ੍ਰੇਲਬਲੇਜ਼ਰ, ਦੋਸਤ ਅਤੇ ਸਲਾਹਕਾਰ ਹੈ। ਇੱਥੇ ਬਰੈਂਪਟਨ ਅਤੇ ਇਸ ਤੋਂ ਬਾਹਰ ਦੇ ਬਹੁ-ਸੱਭਿਆਚਾਰਕ ਭਾਈਚਾਰੇ ਲਈ ਸੂਈ ਨੂੰ ਅੱਗੇ ਵਧਾਉਣ ਲਈ ਉਸਦੇ ਸਮਰਪਣ ਦਾ ਜਸ਼ਨ ਮਨਾਉਣ ਲਈ ਉਸਨੂੰ ਸਿਟੀ ਦੀ ਕੁੰਜੀ ਪ੍ਰਦਾਨ ਕਰਨਾ ਇੱਕ ਸਨਮਾਨ ਦੀ ਗੱਲ ਹੈ। ਅਸੀਂ ਮਜ਼ਬੂਤ, ਜੁੜੇ ਭਾਈਚਾਰਿਆਂ ਦੀ ਸਿਰਜਣਾ ਲਈ ਉਸਦੀ ਵਕਾਲਤ ਅਤੇ ਸਮਰਪਣ ਲਈ ਸਦਾ ਲਈ ਧੰਨਵਾਦੀ ਹਾਂ। "

ਸਨਮਾਨ ਸਮਾਗਮ 'ਚ ਬਰੈਡਫੋਰਡ ਤੋਂ ਡਿਪਟੀ ਮੇਅਰ ਰਾਜ ਸੰਧੂ, ਸਟਰੈਟਫੋਰਡ ਤੋਂ ਡਿਪਟੀ ਮੇਅਰ ਹਰਜਿੰਦਰ ਨਿੱਝਰ, ਹੈਮਿਲਟਨ ਤੋਂ ਸਿਟੀ ਕੌਂਸਲਰ ਨਰਿੰਦਰ ਨੰਨ, ਬਰੈਂਪਟਨ ਤੋਂ ਰਿਜਨਲ ਕੌਂਸਲਰ ਗੁਰਪ੍ਰਤਾਪ ਸਿੰਘ ਤੂਰ ਤੇ ਨਵਜੀਤ ਕੌਰ ਬਰਾੜ ਸ਼ਾਮਿਲ ਸਨ।

ਅਖਿਰ ਤੇ ਮੱਲੀ ਸਾਹਿਬ ਨੇ ਬੋਲਦੇ ਹੋਏ ਕਿਹਾ ਕਿ "ਮੈਂ ਸ਼ਹਿਰ ਦੀ ਕੁੰਜੀ ਨੂੰ ਸਵੀਕਾਰ ਕਰਨ ਲਈ ਬਹੁਤ ਮਾਣ ਮਹਿਸੂਸ ਕਰ ਰਿਹਾ ਹਾਂ, ਜਿੱਥੇ ਮੈਂ 30 ਸਾਲਾਂ ਤੋਂ ਰਹਿੰਦਾ ਅਤੇ ਸੇਵਾ ਕੀਤੀ ਹੈ। ਸੇਵਾ ਅਤੇ ਸਾਡੇ ਭਾਈਚਾਰੇ ਦੀ ਬਿਹਤਰੀ ਮੇਰੇ ਹਰ ਕੰਮ ਦਾ ਅਧਾਰ ਰਿਹਾ ਹੈ, ਇੱਕ ਸ਼ਹਿਰ, ਇੱਕ ਸੂਬੇ ਅਤੇ ਇੱਕ ਦੇਸ਼ ਨੂੰ ਵਾਪਸ ਦੇਣ ਦਾ ਇੱਕ ਸਨਮਾਨ ਹੈ ਜਿਸਨੇ ਮੈਨੂੰ ਅਤੇ ਮੇਰੇ ਪਰਿਵਾਰ ਨੂੰ ਉਚਾਈਆਂ 'ਤੇ ਪਹੁੰਚਣ ਦਾ ਇੰਨਾ ਮੌਕਾ ਦਿੱਤਾ ਹੈ ਜੋ ਮੈਂ ਕਦੇ ਨਹੀਂ ਕੀਤਾ। ਕਲਪਨਾ ਸੰਭਵ ਹੈ। ਮੈਂ ਕਮਿਊਨਿਟੀ ਵਿੱਚ ਮੇਰੇ ਕੰਮ ਨੂੰ ਮਾਨਤਾ ਦੇਣ ਲਈ ਮੇਅਰ ਪੈਟਰਿਕ ਬ੍ਰਾਊਨ, ਡਿਪਟੀ ਮੇਅਰ ਹਰਕੀਰਤ ਸਿੰਘ ਅਤੇ ਬਰੈਂਪਟਨ ਸਿਟੀ ਕੌਂਸਲ ਦਾ ਧੰਨਵਾਦੀ ਹਾਂ।

ਇਸ ਵਿਸ਼ੇਸ਼ ਮੌਕੇ ਤੇ ਕੈਨੇਡਾ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਯਾਦ ਕਰਦਿਆਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ, ਸਾਬਕਾ ਪ੍ਰਧਾਨ ਮੰਤਰੀ ਪਾਲ ਮਾਰਟਿਨ, ਸਾਬਕਾ ਪ੍ਰਧਾਨ ਮੰਤਰੀ ਜੀਨ ਕ੍ਰਿਚੀਅਨ ਅਤੇ ਨਿਊ ਡੈਮੋਕਰੇਟਿਕ ਪਾਰਟੀ ਦੇ ਆਗੂ ਅਤੇ ਸੰਸਦ ਮੈਂਬਰ ਜਗਮੀਤ ਸਿੰਘ ਸਮੇਤ ਬਰੈਂਪਟਨ ਤੋਂ ਸਾਰੇ ਸੰਸਦ ਮੈਂਬਰ ਕਮਲ ਖਹਿਰਾ (ਮੰਤਰੀ), ਮਨਿੰਦਰ ਸਿੱਧੂ (ਸੰਸਦੀ ਸਕੱਤਰ), ਸੋਨੀਆ ਸਿੱਧੂ, ਰੂਬੀ ਸਹੋਤਾ ਅਤੇ ਸ਼ਫਕਤ ਅਲੀ ਨੇ ਵਧਾਈ ਸੰਦੇਸ਼ ਭੇਜੇ ।



# ਪੁਣਛ 'ਚ ਅੱਤਵਾਦੀਆਂ ਫੌਜ ਦੀ ਗੱਡੀ 'ਤੇ ਅੱਤਵਾਦੀ ਹਮਲਾ, 5 ਜਵਾਨ ਸ਼ਹੀਦ

ਪੁਣਛ, 20 ਅਪ੍ਰੈਲ (ਪੋਸਟ ਬਿਊਰੋ) : ਜੰਮੂ-ਕਸ਼ਮੀਰ ਦੇ ਪੁਣਛ ਜ਼ਿਲੇ 'ਚ ਅੱਤਵਾਦੀਆਂ ਨੇ ਘਾਤ ਲਗਾ ਕੇ ਇਕ ਫੌਜੀ ਵਾਹਨ 'ਤੇ ਧਮਾਕਾ ਕਰ ਦਿੱਤਾ। ਇਸ ਵਿੱਚ ਪੰਜ ਜਵਾਨ ਸ਼ਹੀਦ ਹੋ ਗਏ ਹਨ। ਇਸ ਅਚਾਨਕ ਹੋਏ ਹਮਲੇ ਤੋਂ ਬਾਅਦ ਮਿਲਟਰੀ ਅਤੇ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਉਸ ਨੇ ਆਸਪਾਸ ਦੇ ਲੋਕਾਂ ਨਾਲ ਮਿਲ ਕੇ ਗੱਡੀ ਵਿੱਚ ਲੱਗੀ ਅੱਗ ਨੂੰ ਬੁਝਾ ਕੇ ਰਾਹਤ ਅਤੇ ਬਚਾਅ ਕਾਰਜ ਚਲਾਇਆ।

ਸੰਘਣੇ ਜੰਗਲਾਂ ਵਾਲੇ ਭਾਟਾਦੁੜੀਆਂ ਇਲਾਕੇ 'ਚ ਫੌਜ ਦੀ ਗੱਡੀ 'ਚ ਧਮਾਕੇ ਤੋਂ ਬਾਅਦ ਭਿਆਨਕ ਅੱਗ ਲੱਗ ਗਈ। ਸ਼ੁਰੂਆਤੀ ਤੌਰ 'ਤੇ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਘਟਨਾ ਬਿਜਲੀ ਡਿੱਗਣ ਕਾਰਨ ਵਾਪਰੀ ਹੈ। ਹੁਣ ਫੌਜੀ ਅਧਿਕਾਰੀਆਂ ਨੇ ਅੱਤਵਾਦੀ ਹਮਲੇ ਦੀ ਗੱਲ ਕਹੀ ਹੈ। ਜਿਸ ਇਲਾਕੇ 'ਚ ਇਹ ਘਟਨਾ ਵਾਪਰੀ ਹੈ, ਉੱਥੇ ਪਿਛਲੇ ਸਾਲ ਕਈ ਦਿਨਾਂ ਤੱਕ ਅੱਤਵਾਦੀਆਂ ਅਤੇ ਫੌਜ ਦੇ ਜਵਾਨਾਂ ਵਿਚਾਲੇ ਮੁਕਾਬਲਾ ਹੋਇਆ ਸੀ।

ਪੁਲਿਸ ਅਧਿਕਾਰੀ ਨੇ ਦੱਸਿਆ ਕਿ ਇਹ ਹਾਦਸਾ ਪੁਣਛ ਅਤੇ ਰਾਜੋਰੀ ਜ਼ਿਲ੍ਹਿਆਂ ਦੀ ਸਰਹੱਦ 'ਤੇ ਭਾਟਾਦੁੜੀਆਂ ਇਲਾਕੇ 'ਚ ਵੀਰਵਾਰ ਦੁਪਹਿਰ ਨੂੰ ਵਾਪਰਿਆ। ਇਸ ਘਟਨਾ ਦਾ ਇੱਕ ਵੀਡੀਓ ਵੀ ਸਾਹਮਣੇ ਆਇਆ ਹੈ। ਉਨ੍ਹਾਂ ਦੱਸਿਆ ਕਿ ਪੁਣਛ-ਜੰਮੂ ਨੈਸ਼ਨਲ ਹਾਈਵੇ 'ਤੇ ਫੌਜੀ ਗੱਡੀ ਕੁਝ ਸਾਮਾਨ ਲੈ ਕੇ ਜਾ ਰਹੀ ਸੀ। ਇਸ ਵਿੱਚ ਸਿਪਾਹੀ ਵੀ ਸਵਾਰ ਸਨ।

ਅੱਤਵਾਦੀਆਂ ਦੇ ਇਕ ਸਮੂਹ ਨੇ ਸੰਘਣੇ ਜੰਗਲ ਦੇ ਵਿਚਕਾਰ ਵਾਹਨ 'ਤੇ ਹਮਲਾ ਕੀਤਾ। ਇਸ ਕਾਰਨ ਗੱਡੀ ਨੂੰ ਅੱਗ ਲੱਗ ਗਈ। ਇਸ ਕਾਰਨ ਇਸ ਵਿੱਚ ਸਵਾਰ ਸੈਨਿਕ ਬੁਰੀ ਤਰ੍ਹਾਂ ਸੜ ਗਏ। ਇਨ੍ਹਾਂ 'ਚੋਂ ਪੰਜ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮੌਕੇ 'ਤੇ ਪਹੁੰਚੇ ਫੌਜ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਝੁਲਸੇ ਸਾਥੀਆਂ ਨੂੰ ਸਥਾਨਕ ਹਸਪਤਾਲ ਪਹੁੰਚਾਇਆ।

ਉੱਤਰੀ ਕਮਾਨ ਮੁਤਾਬਕ ਵੀਰਵਾਰ ਤੜਕੇ 3 ਵਜੇ ਰਾਜੋਰੀ ਸੈਕਟਰ ਦੀ ਬਿੰਭਰ ਗਲੀ ਅਤੇ ਪੁਣਛ ਸਰਹੱਦ 'ਤੇ ਅੱਤਵਾਦੀਆਂ ਨੇ ਫੌਜ ਦੇ ਵਾਹਨ 'ਤੇ ਗ੍ਰਨੇਡ ਨਾਲ ਹਮਲਾ ਕੀਤਾ। ਜਿਸ ਸਮੇਂ ਹਮਲਾ ਕੀਤਾ ਗਿਆ ਉਸ ਸਮੇਂ ਇਲਾਕੇ 'ਚ ਬਾਰਿਸ਼ ਹੋ ਰਹੀ ਸੀ। ਬਹੁਤ ਘੱਟ ਵਿਜ਼ੀਬਿਲਟੀ ਦਾ ਫਾਇਦਾ ਉਠਾਉਂਦੇ ਹੋਏ ਅੱਤਵਾਦੀਆਂ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਘਟਨਾ ਤੋਂ ਬਾਅਦ ਇਲਾਕੇ 'ਚ ਤਲਾਸ਼ੀ ਮੁਹਿੰਮ ਜਾਰੀ ਹੈ।








## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202




# Matrimonial

## ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.







## ਲੜਕੀ ਦੀ ਲੋੜ

ਦਲਜੀਤ ਸਿੰਘ ਕੰਗ, ਉਮਰ 27 ਸਾਲ, ਕੱਦ 5 ਫੁੱਟ 9 ਇੰਚ, ਐਮਏ ਬੀਐਡ, ਬੁਕ ਰਾਈਟਰ, ਲਾਅ ਕਰ ਰਿਹਾ ਹੈ, ਚੰਗੀ ਪੜ੍ਹੀ ਲਿਖੀ ਫੈਮਿਲੀ, ਦੋ ਭੈਣਾਂ, ਦੋਵੇਂ ਵਿਆਹੀਆਂ ਹੋਈਆਂ ਹਨ, ਇਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, 7 ਕਿਲੇ ਜ਼ਮੀਨ, ਲਈ ਕੈਨੇਡਾ ਦੀ ਪੀਆਰ ਜਾਂ ਸਿਟੀਜਨ ਲੜਕੀ ਦੀ ਲੋੜ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 647-707-7107

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661




## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5'3" tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਮੁਖਤਾਰ ਅੰਸਾਰੀ ‘ਤੇ ਹੋਏ ਖਰਚੇ ਦੀ ਫਾਈਲ ਮੁੱਖ ਮੰਤਰੀ ਨੇ ਵਾਪਸ ਮੋੜੀ

* ਮੁਖਤਾਰ ਅੰਸਾਰੀ ਨੂੰ ਜੇਲ੍ਹ ‘ਚ ਮਿਲੀਆਂ ਸੁੱਖ-ਸਹੂਲਤਾਂ ਅਤੇ ਵਕੀਲ ‘ਤੇ ਖਰਚੇ 55 ਲੱਖ ਰੁਪਏ *
ਹੁਕਮ ਦੇਣ ਵਾਲੇ ਮੰਤਰੀਆਂ ਤੋਂ ਖਰਚਾ ਵਸੂਲਣ ਦੀ ਰਵਾਇਤ ਬਾਰੇ ਕਰ ਰਹੇ ਹਾਂ ਵਿਚਾਰ-ਮੁੱਖ ਮੰਤਰੀ

ਚੰਡੀਗੜ੍ਹ, 20 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਉੱਤਰ ਪ੍ਰਦੇਸ਼ ਤੋਂ ਖੌਫਨਾਕ ਅਪਰਾਧੀ ਮੁਖਤਾਰ ਅੰਸਾਰੀ ਨੂੰ ਰੋਪੜ ਜੇਲ੍ਹ ਵਿਚ ਸੁਖ-ਸਹੂਲਤਾਂ ਦੇਣ ਲਈ ਸਰਕਾਰੀ ਖਜ਼ਾਨੇ ਵਿੱਚੋਂ 55 ਲੱਖ ਰੁਪਏ ਦੀ ਅਦਾਇਗੀ ਕਰਨ ਬਾਰੇ ਫਾਈਲ ਨੂੰ ਵਾਪਸ ਮੋੜ ਦਿੱਤਾ ਹੈ।



ਮੁੱਖ ਮੰਤਰੀ ਨੇ ਇਸ ਨੂੰ ਲੋਕਾਂ ਦੇ ਪੈਸੇ ਦੀ ਅੰਨ੍ਹੀ ਲੁੱਟ ਦੱਸਦੇ ਹੋਏ ਕਿਹਾ ਕਿ ਅਜਿਹਾ ਵਰਤਾਰਾ ਕਿਸੇ ਵੀ ਸੂਰਤ ਵਿਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਖਤਰਨਾਕ ਅਪਰਾਧੀ ਨੂੰ ਰੋਪੜ ਜੇਲ੍ਹ ਵਿਚ ਸੁਖ-ਸਹੂਲਤਾਂ ਦਿੱਤੇ ਜਾਣ ਬਾਰੇ ਤਾਂ ਪਿਛਲੀਆਂ ਸਰਕਾਰਾਂ ਹੀ ਭਲੀ-ਭਾਂਤ ਜਾਣਦੀਆਂ ਹੋਣਗੀਆਂ। ਭਗਵੰਤ ਮਾਨ ਨੇ ਕਿਹਾ ਕਿ ਅਰਾਮਦਾਇਕ ਠਹਿਰ ਨੂੰ ਯਕੀਨੀ ਬਣਾਉਣ ਤੋਂ ਇਲਾਵਾ ਪਿਛਲੀ ਸਰਕਾਰ ਨੇ ਇਸ ਗੱਲ ਨੂੰ ਵੀ ਯਕੀਨੀ ਬਣਾਇਆ ਕਿ ਇਸ ਖੌਫਨਾਕ ਅਪਰਾਧੀ ਨੂੰ ਜੇਲ੍ਹ ਵਿਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹ-ਮਣਾ ਨਾ ਕਰਨਾ ਪਵੇ ਅਤੇ ਉਸ ਦਾ ਕਾਨੂੰਨੀ ਤੌਰ ਉਤੇ ਬਚਾਅ ਕੀਤਾ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਸੱਤਾਧਾਰੀਆਂ ਦਾ ਇਸ ਅਪਰਾਧੀ ਉਤੇ ਮਿਹਰਬਾਨ ਹੋਣ ਦੀ ਹਕੀਕਤ ਦਾ ਪਤਾ ਇਸ ਤੱਥ ਤੋਂ ਲੱਗ ਜਾਂਦਾ ਹੈ ਕਿ ਉਸ ਦੇ ਖਿਲਾਫ 48 ਵਾਰੰਟ ਜਾਰੀ ਹੋਏ ਪਰ ਉਸ ਸਮੇਂ ਦੀ ਸਰਕਾਰ ਨੇ ਇਸ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਉਸ ਨੂੰ ਪੇਸ਼ ਨਾ ਕੀਤਾ। ਉਨ੍ਹਾਂ ਕਿਹਾ ਕਿ ਇਹ ਕਿੰਨਾ ਹੈਰਾਨੀਜਨਕ ਹੈ ਕਿ ਉਸ ਮੌਕੇ ਦੀ ਸਰਕਾਰ ਨੇ ਰੋਪੜ ਜੇਲ੍ਹ ਵਿਚ ਬੰਦ ਇਸ ਅਪਰਾਧੀ ਦੇ ਹਿੱਤ ਪਾਲਣ ਲਈ ਟੈਕਸ ਭਰਨ ਵਾਲੇ ਲੋਕਾਂ ਦੇ 55 ਲੱਖ ਰੁਪਏ ਖਰਚ ਦਿੱਤੇ। ਭਗਵੰਤ ਮਾਨ ਨੇ ਕਿਹਾ ਕਿ ਲੋਕਾਂ ਦੇ ਪੈਸੇ ਦੀ ਇਹ ਅੰਨ੍ਹੀ ਲੁੱਟ ਪੂਰੀ ਤਰ੍ਹਾਂ ਗੈਰ-ਵਾਜਬ ਹੈ ਅਤੇ ਉਨ੍ਹਾਂ ਨੇ ਇਸ ਬਾਰੇ ਫਾਈਲ ਵਿਭਾਗ ਨੂੰ ਵਾਪਸ ਭੇਜ ਦਿੱਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕਰਦਾਤਿਆਂ ਦੇ ਪੈਸੇ ਦੀ ਲੁੱਟ ਨੂੰ ਕਿਸੇ ਵੀ ਕੀਮਤ ਉਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਹ ਗਲਤ ਫੈਸਲਾ ਲੈਣ ਵਾਲੇ ਤਤਕਾਲੀ ਮੰਤਰੀਆਂ ਪਾਸੋਂ ਇਹ ਰਕਮ ਵਸੂਲਣ ਉਤੇ ਵਿਚਾਰ ਕਰ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਘਿਨਾਉਣੇ ਜੁਰਮ ਵਿਚ ਸ਼ਾਮਲ ਹਰੇਕ ਵਿਅਕਤੀ ਨੂੰ ਇਸ ਗੁਨਾਹ ਲਈ ਜਵਾਬਦੇਹ ਬਣਾਇਆ ਜਾਵੇਗਾ।

# ਚੈਰਿਟੀ ਸਮਾਗਮ ਵਿੱਚ ਮਚੀ ਭਗਦੜ ਵਿਚ 85 ਦੀ ਮੌਤ, ਸੈਂਕੜੇ ਜ਼ਖ਼ਮੀ

ਸਾਨਾ, 20 ਅਪ੍ਰੈਲ (ਪੋਸਟ ਬਿਊਰੋ): ਯੁੱਧ ਪ੍ਰਭਾਵਿਤ ਯਮਨ ਵਿਚ ਵੀਰਵਾਰ ਨੂੰ ਇੱਕ ਚੈਰਿਟੀ ਵੰਡ ਸਮਾਗਮ ਵਿਚ ਭਗਦੜ ਵਿਚ 80 ਤੋਂ ਵੱਧ ਲੋਕ ਮਾਰੇ ਗਏ ਅਤੇ ਸੈਂਕੜੇ ਜ਼ਖ਼ਮੀ ਹੋ ਗਏ, ਹਾਊਥੀ ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ ਹੈ। ਇਸ ਨੂੰ ਦਹਾਕੇ ਦੀ ਸਭ ਤੋਂ ਘਾਤਕ ਭਗਦੜ ਵਿੱਚੋਂ ਇੱਕ ਮੰਨਿਆ ਜਾਂਦਾ ਹੈ।



ਅਰਬ ਪ੍ਰਾਇਦੀਪ ਦੇ ਸਭ ਤੋਂ ਗਰੀਬ ਦੇਸ਼ ਵਿੱਚ ਇਹ ਦੁਖਾਂਤ ਈਦ-ਉਲ-ਫਿਤਰ ਦੀ ਛੁੱਟੀ ਤੋਂ ਕੁਝ ਦਿਨ ਪਹਿਲਾਂ ਆਈ ਹੈ, ਜੋ ਰਮਜ਼ਾਨ ਦੇ ਇਸਲਾਮੀ ਪਵਿੱਤਰ ਮਹੀਨੇ ਦੇ ਅੰਤ ਨੂੰ ਦਰਸਾਉਂਦੀ ਹੈ। ਇੱਕ ਹੂਤੀ ਸੁਰੱਖਿਆ ਅਧਿਕਾਰੀ ਨੇ ਦੱਸਿਆ ਕਿ ਰਾਜਧਾਨੀ ਦੇ ਬਾਬ ਅਲ-ਯਾਮਨ ਜ਼ਿਲ੍ਹੇ ਵਿਚ ਭਗਦੜ ਤੋਂ ਬਾਅਦ ਘੱਟੋ-ਘੱਟ "85 ਲੋਕ ਮਾਰੇ ਗਏ ਅਤੇ 322 ਤੋਂ ਵੱਧ ਜ਼ਖਮੀ" ਹੋ ਗਏ। "ਮਰਨ ਵਾਲਿਆਂ ਵਿੱਚ ਔਰਤਾਂ ਅਤੇ ਬੱਚੇ ਸ਼ਾਮਲ ਹਨ," ਉਸਨੇ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਏਐਫਪੀ ਨੂੰ ਦੱਸਿਆ। ਇੱਕ ਦੂਜੇ ਸਿਹਤ ਅਧਿਕਾਰੀ ਨੇ ਟੋਲ ਦੀ ਪੁਸ਼ਟੀ ਕੀਤੀ।



ਸਾਨਾ ਵਿੱਚ ਏਐਫਪੀ ਦੇ ਇੱਕ ਪੱਤਰਕਾਰ ਨੇ ਦੱਸਿਆ ਕਿ ਇਹ ਘਟਨਾ ਇੱਕ ਸਕੂਲ ਦੇ ਅੰਦਰ ਵਾਪਰੀ ਜਿੱਥੇ ਸਹਾਇਤਾ ਵੰਡੀ ਜਾ ਰਹੀ ਸੀ। ਚਸ਼ਮਦੀਦਾਂ ਮੁਤਾਬਕ ਗਰੀਬੀ ਨਾਲ ਜੂਝ ਰਹੇ ਦੇਸ਼ 'ਚ ਰਾਹਤ ਸਮੱਗਰੀ ਇਕੱਠੀ ਕਰਨ ਲਈ ਸੈਂਕੜੇ ਲੋਕ ਇਕੱਠੇ ਹੋਏ ਸਨ। ਜਿਸ ਦੌਰਾਨ ਭਗਦੜ ਮਚ ਗਈ।

# ਟਵਿਟਰ ਨੇ ਬਲੂ ਟਿੱਕ ਹਟਾਉਣਾ ਕੀਤਾ ਸ਼ੁਰੂ, ਸ਼ਾਹਰੁਖ ਸਣੇ ਕਈ ਹਸਤੀਆਂ ਦੇ ਖਾਤਿਆਂ ਤੋਂ ਹਟਾਏ ਬਲੂ ਟਿੱਕ




ਨਵੀਂ ਦਿੱਲੀ, 20 ਅਪ੍ਰੈਲ (ਪੋਸਟ ਬਿਊਰੋ): ਮਾਈਕ੍ਰੋਬਲਾਗਿੰਗ ਸਾਈਟ ਟਵਿਟਰ ਨੇ ਆਪਣੀ ਘੋਸ਼ਣਾ ਦੇ ਅਨੁਸਾਰ ਪ੍ਰਮਾਣਿਤ ਖਾਤਿਆਂ ਤੋਂ ਮੁਫਤ ਬਲੂ ਟਿੱਕਸ ਨੂੰ ਹਟਾ ਦਿੱਤਾ ਹੈ। ਜਿਨ੍ਹਾਂ ਲੋਕਾਂ ਨੇ ਟਵਿੱਟਰ ਬਲੂ ਪਲਾਨ ਦਾ ਭੁਗਤਾਨ ਨਹੀਂ ਕੀਤਾ ਹੈ, ਉਨ੍ਹਾਂ ਦੇ ਖਾਤਿਆਂ ਤੋਂ ਬਲੂ ਟਿੱਕਸ ਹਟਾ ਦਿੱਤੇ ਗਏ ਹਨ। ਇਨ੍ਹਾਂ ਵਿੱਚ ਯੂਪੀ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ, ਸਾਬਕਾ ਭਾਰਤੀ ਕਪਤਾਨ ਵਿਰਾਟ ਕੋਹਲੀ, ਕ੍ਰਿਕਟਰ ਰੋਹਿਤ ਸ਼ਰਮਾ, ਅਦਾਕਾਰ ਸ਼ਾਹਰੁਖ ਖਾਨ, ਅਕਸ਼ੈ ਕੁਮਾਰ, ਸੁਪਰਸਟਾਰ ਅਮਿਤਾਭ ਬੱਚਨ ਵਰਗੀਆਂ ਮਸ਼ਹੂਰ ਹਸਤੀਆਂ ਸ਼ਾਮਲ ਹਨ।

ਕੰਪਨੀ ਦੇ ਮਾਲਕ ਐਲੋਨ ਮਸਕ ਨੇ ਪਹਿਲਾਂ ਹੀ ਇਸ ਦਾ ਐਲਾਨ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ 20 ਅਪ੍ਰੈਲ ਤੋਂ ਬਾਅਦ ਉਨ੍ਹਾਂ ਖਾਤਿਆਂ ਤੋਂ ਬਲੂ ਟਿੱਕ ਹਟਾ ਦਿੱਤਾ ਜਾਵੇਗਾ, ਜਿਨ੍ਹਾਂ ਨੇ ਪੇਡ ਸਬਸਕ੍ਰਿਪਸ਼ਨ ਨਹੀਂ ਲਿਆ ਹੈ। ਉਸਨੇ ਜ਼ੋਰ ਦੇ ਕੇ ਕਿਹਾ ਕਿ ਜੇਕਰ ਬਲੂ ਟਿੱਕ ਦੀ ਲੋੜ ਹੈ ਤਾਂ ਇਸ ਲਈ ਮਹੀਨਾਵਾਰ ਖਰਚੇ ਦੇਣੇ ਪੈਣਗੇ।

ਟਵਿਟਰ ਇੰਡੀਆ ਨੇ ਵੀਰਵਾਰ ਤੋਂ ਭੁਗਤਾਨ ਕੀਤੇ ਵੈਰੀਫਾਈਡ ਅਕਾਊਂਟਸ 'ਤੇ ਬਲੂ ਟਿਕ ਸਾਈਨ ਕਰ ਦਿੱਤਾ ਹੈ। ਟਵਿਟਰ ਦੀ ਨਵੀਂ ਪ੍ਰਣਾਲੀ ਲਾਗੂ ਹੁੰਦੇ ਹੀ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ, ਉਪ ਮੁੱਖ ਮੰਤਰੀ ਬ੍ਰਜੇਸ਼ ਪਾਠਕ, ਬਸਪਾ ਸੁਪਰੀਮੋ ਮਾਇਆਵਤੀ, ਭਾਜਪਾ ਦੇ ਸੂਬਾ ਪ੍ਰਧਾਨ ਭੂਪੇਂਦਰ ਸਿੰਘ ਚੌਧਰੀ, ਸਰਕਾਰ ਦੇ ਮੰਤਰੀਆਂ ਦੇ ਟਵਿੱਟਰ ਅਕਾਊਂਟ ਤੋਂ ਬਲੂ ਟਿਕ ਸਾਈਨ ਹਟਾ ਦਿੱਤਾ ਗਿਆ।

ਜਿਵੇਂ ਹੀ ਸੀਐਮ, ਡਿਪਟੀ ਸੀਐਮ ਸਮੇਤ ਨੇਤਾਵਾਂ ਦੇ ਟਵਿੱਟਰ ਅਕਾਊਂਟ ਤੋਂ ਬਲੂ ਟਿਕ ਸਾਈਨ ਹਟਾਇਆ ਗਿਆ, ਸੋਸ਼ਲ ਮੀਡੀਆ 'ਤੇ ਹੰਗਾਮਾ ਮਚ ਗਿਆ। ਭਾਜਪਾ ਦੇ ਸੋਸ਼ਲ ਮੀਡੀਆ ਸੈੱਲ ਦੇ ਕਨਵੀਨਰ ਅੰਕਿਤ ਸਿੰਘ ਚੰਦੇਲ ਦਾ ਕਹਿਣਾ ਹੈ ਕਿ ਵੈਰੀਫਾਈਡ ਅਕਾਊਂਟ ਦਾ ਭੁਗਤਾਨ ਨਾ ਹੋਣ ਕਾਰਨ ਬਲੂ ਟਿੱਕ ਹਟਾ ਦਿੱਤੇ ਗਏ ਹਨ। ਨਿਰਧਾਰਿਤ ਫੀਸ ਦਾ ਭੁਗਤਾਨ ਕਰਨ 'ਤੇ ਨੀਲੇ ਰੰਗ ਦੇ ਨਿਸ਼ਾਨ ਨੂੰ ਬਹਾਲ ਕਰ ਦਿੱਤਾ ਜਾਵੇਗਾ। ਵਰਤਮਾਨ ਵਿੱਚ, ਸਿਰਫ ਕੇਂਦਰੀ ਮੰਤਰੀਆਂ, ਸੰਸਦ ਮੈਂਬਰਾਂ ਅਤੇ ਸਲੇਟੀ ਟਿੱਕ ਵਾਲੇ ਖਾਤਿਆਂ ਦੀ ਪੁਸ਼ਟੀ ਕੀਤੀ ਜਾਂਦੀ ਹੈ।

# ਨਰੋਦਾ ਗਾਮ ਕਤਲੇਆਮ ਮਾਮਲੇ ’ਚ 69 ਮੁਲਜ਼ਮ ਬਰੀ, ਸਾਬਕਾ ਨੇਤਾ ਵੀ ਹਨ ਸ਼ਾਮਲ

ਅਹਿਮਦਾਬਾਦ, 20 ਅਪ੍ਰੈਲ (ਪੋਸਟ ਬਿਊਰੋ): ਅਹਿਮਦਾਬਾਦ ਦੀ ਇਕ ਵਿਸ਼ੇਸ਼ ਅਦਾਲਤ ਨੇ ਵੀਰਵਾਰ ਨੂੰ 2002 ਦੇ ਨਰੋਦਾ ਗਾਮ ਕਤਲੇਆਮ ਮਾਮਲੇ 'ਚ ਭਾਜਪਾ ਦੀ ਸਾਬਕਾ ਵਿਧਾਇਕ ਮਾਇਆ ਕੋਡਨਾਨੀ, ਬਜਰੰਗ ਦਲ ਦੇ ਸਾਬਕਾ ਨੇਤਾ ਬਾਬੂ ਬਜਰੰਗੀ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ ਨੇਤਾ ਜੈਦੀਪ ਪਟੇਲ ਸਮੇਤ ਸਾਰੇ 69 ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਹੈ। ਵਿਸ਼ੇਸ਼ ਜੱਜ ਸ਼ੁਭਦਾ ਬਖਸ਼ੀ ਨੇ ਸ਼ਾਮ ਕਰੀਬ 5:30 ਵਜੇ ਆਪਣਾ ਫੈਸਲਾ ਸੁਣਾਇਆ। ਅਦਾਲਤ ਦੇ ਬਾਹਰ ਮੌਜੂਦ ਮੁਲਜ਼ਮਾਂ ਦੇ ਰਿਸ਼ਤੇਦਾਰਾਂ ਨੇ 'ਜੈ ਸ਼੍ਰੀ ਰਾਮ' ਅਤੇ 'ਭਾਰਤ ਮਾਤਾ ਕੀ ਜੈ' ਦੇ ਨਾਅਰਿਆਂ ਨਾਲ ਫੈਸਲੇ ਦਾ ਸਵਾਗਤ ਕੀਤਾ।



2002 ਦੇ ਗੁਜਰਾਤ ਦੰਗਿਆਂ ਦੇ ਕੇਸਾਂ ਦੀ ਤੇਜ਼ੀ ਨਾਲ ਸੁਣਵਾਈ ਲਈ ਕਾਇਮ ਕੀਤੀ ਅਦਾਲਤ ਨੇ 5 ਅਪ੍ਰੈਲ ਨੂੰ ਕਾਰਵਾਈ ਪੂਰੀ ਕੀਤੀ। ਇਸ ਕੇਸ ਦੇ 86 ਮੁਲਜ਼ਮਾਂ ਵਿੱਚੋਂ 17 ਮੁਕੱਦਮੇ ਵਿੱਚੋਂ ਬਰੀ ਹੋ ਗਏ ਸਨ। ਇਸ ਤੋਂ ਬਾਅਦ 69 ਮੁਲਜ਼ਮਾਂ 'ਤੇ ਮੁਕੱਦਮਾ ਚਲਾਇਆ ਗਿਆ। ਫਿਲਹਾਲ ਸਾਰੇ ਮੁਲਜ਼ਮ ਜ਼ਮਾਨਤ 'ਤੇ ਬਾਹਰ ਹਨ। ਮਾਮਲੇ 'ਚ ਕਰੀਬ 182 ਗਵਾਹਾਂ ਤੋਂ ਪੁੱਛਗਿੱਛ ਕੀਤੀ ਗਈ। ਮਹੱਤਵਪੂਰਨ ਗੱਲ ਇਹ ਹੈ ਕਿ ਹੇਠਲੀ ਅਦਾਲਤ ਨੇ ਨਰੋਦਾ ਪਾਟੀਆ ਕੇਸ ਵਿੱਚ ਕੋਡਨਾਨੀ ਅਤੇ ਬਜਰੰਗੀ ਦੋਵਾਂ ਨੂੰ ਦੋਸ਼ੀ ਠਹਿਰਾਉਂਦਿਆਂ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਹਾਲਾਂਕਿ, 2018 ਵਿੱਚ, ਗੁਜਰਾਤ ਹਾਈ ਕੋਰਟ ਨੇ ਕੋਡਨਾਨੀ ਦੀ ਸਜ਼ਾ ਨੂੰ ਉਲਟਾ ਦਿੱਤਾ ਅਤੇ ਉਸਨੂੰ ਬਰੀ ਕਰ ਦਿੱਤਾ ਅਤੇ ਨਰੋਦਾ ਪਾਟੀਆ ਕੇਸ ਵਿੱਚ ਬਜਰੰਗੀ ਦੀ ਸਜ਼ਾ ਨੂੰ ਬਰਕਰਾਰ ਰੱਖਿਆ।

# ਵਰਜੀਨੀਆ ਦੇ ਸਕੂਲਾਂ ਵਿੱਚ ਪੜ੍ਹਾਇਆ ਜਾਵੇਗਾ ਸਿੱਖ ਧਰਮ

ਵਰਜੀਨੀਆ, 20 ਅਪ੍ਰੈਲ (ਪੋਸਟ ਬਿਊਰੋ): ਅਮਰੀਕਾ ਦੇ ਵਰਜੀਨੀਆ ਵਿੱਚ 10 ਲੱਖ ਤੋਂ ਵੱਧ ਵਿਦਿਆਰਥੀ ਹੁਣ ਆਪਣੇ ਸਕੂਲ ਦੀਆਂ ਪਾਠ ਪੁਸਤਕਾਂ ਤੋਂ ਸਿੱਖ ਧਰਮ ਬਾਰੇ ਜਾਣ ਸਕਣਗੇ। ਕਿਉਂਕਿ ਇਸ ਰਾਜ ਨੇ ਵੀਰਵਾਰ ਨੂੰ ਨਵੇਂ ਸਮਾਜਿਕ ਅਧਿਐਨ ਮਿਆਰਾਂ ਦੇ ਹੱਕ ਵਿੱਚ ਵੋਟ ਪਾਈ। ਜਿਸ ਤੋਂ ਬਾਅਦ ਸਿੱਖ ਧਰਮ ਨੂੰ ਪਹਿਲੀ ਵਾਰ ਸਕੂਲੀ ਪਾਠਕ੍ਰਮ ਵਿੱਚ ਸ਼ਾਮਲ ਕੀਤਾ ਜਾਵੇਗਾ।




ਇਸ ਤੋਂ ਪਹਿਲਾਂ, ਉਟਾਹ ਅਤੇ ਮਿਸੀਸਿਪੀ ਅਮਰੀਕਾ ਦੇ 15ਵੇਂ ਅਤੇ 16ਵੇਂ ਰਾਜ ਬਣ ਗਏ ਹਨ ਜਿਨ੍ਹਾਂ ਨੇ ਆਪਣੇ ਸਮਾਜਿਕ ਅਧਿਐਨ ਪਾਠਕ੍ਰਮ ਵਿੱਚ ਸਿੱਖ ਧਰਮ, ਸਿੱਖ ਰਵਾਇਤਾਂ ਅਤੇ ਪਰੰਪਰਾਵਾਂ ਬਾਰੇ ਜਾਣਕਾਰੀ ਸ਼ਾਮਲ ਕੀਤੀ ਹੈ। ਯੂਐਸ ਵਰਜੀਨੀਆ ਸਟੇਟ ਬੋਰਡ ਆਫ਼ ਐਜੂਕੇਸ਼ਨ ਨੇ ਸਿੱਖਣ ਲਈ ਇਤਿਹਾਸ ਅਤੇ ਸਮਾਜਿਕ ਵਿ-ਗਆਨ ਦੇ ਨਵੇਂ ਮਿਆਰਾਂ ਦੇ ਹੱਕ ਵਿੱਚ ਵੋਟ ਦਿੱਤੀ। ਸਿੱਖ ਸੁਸਾਇਟੀ ਨੇ ਕਿਹਾ ਕਿ ਇਸ ਉਪਰਾਲੇ ਤੋਂ ਬਾਅਦ 10 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਸਿੱਖ ਕੌਮ ਬਾਰੇ ਜਾਣਨ ਦਾ ਮੌਕਾ ਮਿਲੇਗਾ।

ਵਰਜੀਨੀਆ ਹੁਣ ਅਮਰੀਕੀ ਰਾਜਾਂ ਦੀ ਵਧਦੀ ਸੂਚੀ ਵਿੱਚ 17ਵੇਂ ਸਥਾਨ 'ਤੇ ਹੈ ਜਿਨ੍ਹਾਂ ਨੇ ਸਿੱਖ ਕੁਲੀਸ਼ਨ ਨਾਲ ਮਿਲ ਕੇ ਆਪਣੇ ਪਬਲਿਕ-ਸਕੂਲ ਸਮਾਜਿਕ ਅਧਿਐਨ ਦੇ ਮਿਆਰਾਂ ਵਿੱਚ ਸਿੱਖਾਂ ਬਾਰੇ ਸਹੀ ਜਾਣਕਾਰੀ ਸ਼ਾਮਲ ਕਰਨ ਲਈ ਕੰਮ ਕੀਤਾ ਹੈ। ਸਥਾਨਕ ਸੰਗਤ ਨਾਲ ਦੋ ਸਾਲਾਂ ਤੋਂ ਵੱਧ ਕੰਮ ਕਰਨ ਤੋਂ ਬਾਅਦ, ਸਿੱਖ ਕੁਲੀਸ਼ਨ ਦੇ ਸੀਨੀਅਰ ਐਜੂਕੇਸ਼ਨ ਮੈਨੇਜਰ ਹਰਮਨ ਸਿੰਘ ਨੇ ਕਿਹਾ ਕਿ ਇਹ ਤਬਦੀਲੀ ਇਹ ਯਕੀਨੀ ਬਣਾਉਣ ਵਿੱਚ ਮਦਦ ਕਰੇਗੀ ਕਿ ਸਿੱਖੀ ਨੂੰ ਵਰਜੀਨੀਆ ਦੇ ਰਾਸ਼ਟਰਮੰਡਲ ਵਿੱਚ ਕਲਾਸਰੂਮਾਂ ਵਿੱਚ ਪੜ੍ਹਾਇਆ ਜਾ ਸਕੇ।

# ਸਪੇਸਐਕਸ ਦਾ ਦੁਨੀਆ ਦਾ ਸਭ ਤੋਂ ਸ਼ਕਤੀਸ਼ਾਲੀ ਰਾਕੇਟ ਟੈਸਟ ਫਲਾਈਟ ਦੌਰਾਨ ਫਟਿਆ

ਟੈਕਸਾਸ, 20 ਅਪ੍ਰੈਲ (ਪੋਸਟ ਬਿਊਰੋ): ਸਪੇਸਐਕਸ ਦੀ ਸਟਾਰਸ਼ਿਪ, ਹੁਣ ਤੱਕ ਦਾ ਸਭ ਤੋਂ ਸ਼ਕਤੀਸ਼ਾਲੀ ਰਾਕੇਟ, ਪਹਿਲੀ ਟੈਸਟ ਉਡਾਣ ਦੌਰਾਨ ਵੀਰਵਾਰ ਨੂੰ ਫਟ ਗਿਆ। ਸਟਾਰਸ਼ਿਪ ਕੈਪਸੂਲ ਨੂੰ ਪਹਿਲੇ ਪੜਾਅ ਦੇ ਰਾਕੇਟ ਬੂਸਟਰਾਂ ਤੋਂ ਉਡਾਣ ਦੇ ਤਿੰਨ ਮਿੰਟ ਬਾਅਦ ਵੱਖ ਕਰਨਾ ਸੀ, ਪਰ ਵੱਖਰਾ ਨਹੀਂ ਹੋਇਆ ਅਤੇ ਰਾਕੇਟ ਫਟ ਗਿਆ।




ਮਹੱਤਵਪੂਰਨ ਗੱਲ ਇਹ ਹੈ ਕਿ ਇਹ ਮੰਨਿਆ ਜਾ ਰਿਹਾ ਸੀ ਕਿ ਇੱਕ ਦਿਨ ਇਨਸਾਨ ਸਟਾਰਸ਼ਿਪ ਰਾਕੇਟ ਰਾਹੀਂ ਹੀ ਮੰਗਲ ਗ੍ਰਹਿ ਦੀ ਯਾਤਰਾ ਕਰੇਗਾ। ਹਾਲਾਂਕਿ ਐਲੋਨ ਮਸਕ ਨੇ ਪਹਿਲਾਂ ਹੀ ਖਦਸ਼ਾ ਪ੍ਰਗਟਾਇਆ ਸੀ ਕਿ ਲਾਂਚਿੰਗ ਦੌਰਾਨ ਸਟਾਰਸ਼ਿਪ ਦੇ ਫਟਣ ਦੀ 50 ਫੀਸਦੀ ਸੰਭਾਵਨਾ ਹੈ।

ਜਾਣਕਾਰੀ ਮੁਤਾਬਕ ਸਟਾਰਸ਼ਿਪ ਮੁੜ ਵਰਤੋਂ ਯੋਗ ਰਾਕੇਟ ਸੀ। ਇਸ ਦੇ ਮੁੱਖ ਤੌਰ 'ਤੇ ਦੋ ਹਿੱਸੇ ਸਨ। ਪਹਿਲਾ ਇੱਕ ਯਾਤਰੀ ਕੈਰੀ ਸੈਕਸ਼ਨ ਸੀ, ਜਿਸ ਵਿੱਚ ਯਾਤਰੀਆਂ ਨੂੰ ਰੱਖਿਆ ਜਾਵੇਗਾ, ਜਦੋਂ ਕਿ ਦੂਜਾ ਸੁਪਰ ਹੈਵੀ ਰਾਕੇਟ ਬੂਸਟਰ ਸੀ। ਸਟਾਰਸ਼ਿਪ ਅਤੇ ਬੂਸਟਰ ਸਮੇਤ, ਇਸਦੀ ਲੰਬਾਈ 394 ਫੁੱਟ (120 ਮੀਟਰ) ਸੀ। ਜਦਕਿ ਵਜ਼ਨ 50 ਲੱਖ ਕਿਲੋ ਸੀ। ਜਾਣਕਾਰੀ ਮੁਤਾ-ਬਕ ਸਟਾਰਸ਼ਿਪ ਰਾਕੇਟ 16 ਮਿਲੀਅਨ ਪੌਂਡ (70 ਮੈਗਾਨਿਊਟਨ) ਥਰਸਟ ਪੈਦਾ ਕਰਨ ਦੇ ਸਮਰੱਥ ਸੀ। ਇਹ ਨਾਸਾ ਦੇ ਸਪੇਸ ਲਾਂਚ ਸਿਸਟਮ ਰਾਕੇਟ ਤੋਂ ਲਗਭਗ ਦੁੱਗਣਾ ਸੀ।